# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-12-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਯੁਰਵੇਦ ਵਿੱਚ ਹੋਰ ਖੋਜ ਕੀਤੇ ਜਾਣ ਦਾ ਸੱਦਾ ਦਿੱਤਾ ਏ ।
- ਪੰਜਾਬ ਦੇ ਸਾਬਕਾ ਉਪ-ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਅੱਜ ਅੰਮ੍ਰਿਤਸਰ 'ਚ ਹਰਿਮੰਦਰ ਸਾਹਿਬ ਵਿਖੇ ਹੋਏ ਜਾਨਲੇਵਾ ਹਮਲੇ ਵਿਚ, ਵਾਲ-ਵਾਲ ਬਚ ਗਏ- ਸੂਬੇ ਦੇ ਮੁਖ ਮੰਤਰੀ ਸਮੇਤ ਵੱਖ-ਵੱਖ ਆਗੂਆਂ ਨੇ,ਇਸ ਹਮਲੇ ਦੀ ਕਰੜੀ ਨਿੰਦਾ ਕੀਤੀ।
- ਅੱਜ ਜਲ ਸੈਨਾ ਦਿਵਸ ਮਨਾਇਆ ਜਾ ਰਿਹਾ ਏ- ਪ੍ਰਧਾਨ ਮੰਤਰੀ ਅਤੇ ਰੱਖਿਆ ਮੰਤਰੀ ਨੇ ਜਲ ਸੈਨਾ ਦੇ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦਿੱਤੀ ਵਧਾਈ ।

- ਭਾਰਤੀ ਪੁਲਾੜ ਖੋਜ ਸੰਗਠਨ - ਇਸਰੋ ਵਲੋਂ ਪੁਲਾੜ ਵਾਹਨ ਵਿੱਚ ਕਿਸੇ ਨੁਕਸ  ਕਾਰਨ, ਹੁਣ  -ਪ੍ਰੋਬ-3 ਮਿਸ਼ਨ ਕਲ ਸ਼ਾਮ 4 ਵੱਜਕੇ 12 ਮਿੰਟ ਤੇ ਛਡਿਆ ਜਾਵੇਗਾ ।
- ਓਮਾਨ ਵਿਖੇ ਜੂਨੀਅਰ ਏਸ਼ੀਆ ਕੱਪ ਹਾਕੀ ਦੇ ਫਾਈਨਲ ਵਿੱਚ, ਭਾਰਤ ਦਾ ਮੁਕਾਬਲਾ ਅੱਜ ਪਾਕਿਸਤਾਨ ਨਾਲ ਹੋਵੇਗਾ ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਯੁਰਵੇਦ ਵਿੱਚ ਹੋਰ ਖੋਜ ਕੀਤੇ ਜਾਣ ਦਾ ਸੱਦਾ ਦਿੱਤਾ ਕਿਉਂਕਿ ਇਹ ਲੋਕਾਂ ਦੇ ਜੀਵਨ ਦਾ ਅਨਿੱਖੜਵਾਂ ਅੰਗ ਰਿਹਾ ਏ । ਉਨ੍ਹਾਂ ਕਿਹਾ ਕਿ ਬਹੁਤ ਸਾਰੀਆਂ ਪੁਰਾਣੀਆਂ ਬਿਮਾਰੀਆਂ ਆਯੁਰਵੈਦਿਕ ਇਲਾਜ ਨਾਲ ਠੀਕ ਹੋ ਜਾਂਦੀਆਂ ਨੇ ਜਿਸ ਲਈ ਸਾਡੇ ਦੇਸ਼ ਵਿੱਚ ਵੱਡੀ ਗਿਣਤੀ ਲੋਕ ਅੱਜ ਵੀ ਇਸ ਦਵਾਈ ਪ੍ਰਣਾਲੀ ਵਿੱਚ ਵਿਸ਼ਵਾਸ ਰੱਖਦੇ ਨੇ । ਅੱਜ ਸਵੇਰੇ ਪੁਰੀ ਵਿੱਚ ਗੋਪਬੰਧੂ ਆਯੁਰਵੇਦ ਮਹਾਵਿਦਿਆਲਿਆ ਦੇ 75ਵੇਂ ਸਥਾਪਨਾ ਦਿਵਸ ਮੌਕੇ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਆਯੂਸ਼ ਮੰਤਰਾਲਾ ਲੋਕਾਂ ਨੂੰ ਬਿਮਾਰੀਆਂ ਤੋਂ ਮੁਕਤ ਅਤੇ ਸਿਹਤਮੰਦ ਰੱਖਣ ਲਈ ਦੇਸ਼ ਵਿੱਚ

ਆਯੁਰਵੇਦ ਅਤੇ ਯੋਗਾ ਨੂੰ ਪ੍ਰਸਿੱਧ ਬਣਾਉਣ ਲਈ ਹਰ ਸੰਭਵ ਯਤਨ ਕਰ ਰਿਹਾ ਏ।

---------------------------------------------------------------------

ਪੰਜਾਬ ਦੇ ਸਾਬਕਾ ਉਪ-ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਓਸ ਵੇਲੇ ਵਾਲ-ਵਾਲ ਬਚ ਗਏ, ਜਦੋਂ ਅੱਜ ਅੰਮ੍ਰਿਤਸਰ 'ਚ ਹਰਿਮੰਦਰ ਸਾਹਿਬ ਦੇ ਪ੍ਰਵੇਸ਼ ਦੁਆਰ 'ਤੇ ਓਹਨਾ 'ਤੇ ਜਾਨਲੇਵਾ ਹਮਲਾ ਕੀਤਾ ਗਿਆ। ਸੁਖਬੀਰ ਸਿੰਘ ਬਾਦਲ ਹਾਲ ਹੀ ਵਿੱਚ, ਸ਼੍ਰੀ ਅਕਾਲ ਤਖ਼ਤ ਵੱਲੋਂ ਦਿੱਤੀ ਧਾਰਮਿਕ ਸਜ਼ਾ ਨੂੰ, ਹਰਿਮੰਦਰ ਸਾਹਿਬ ਦੇ ਪ੍ਰਵੇਸ਼ ਦੁਆਰ ’ਤੇ ਵ੍ਹੀਲ ਚੇਅਰ ’ਤੇ ਕੱਟ ਰਹੇ ਸਨ, ਜਦੋਂ ਇਹ ਹਮਲਾ ਕੀਤਾ ਗਿਆ। ਹਮਲਾ ਕਰਨ ਵਾਲੇ ਵਿਅਕਤੀ ਦੀ ਪਛਾਣ ਨਰੈਣ ਸਿੰਘ ਵਜੋਂ ਹੋਈ ਏ, ਜਦੋਂ ਉਸਨੇ ਗੋਲੀ ਮਾਰਨ ਲਈ ਆਪਣੀ ਪਿਸਤੌਲ ਕੱਢੀ ਤਾਂ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਸੇਵਾਦਾਰਾਂ ਅਤੇ ਸੁਰੱਖਿਆ ਕਰਮੀਆਂ ਨੇ ਉਸ ਨੂੰ ਕਾਬੂ ਕਰ ਲਿਆ, ਇਸ ਦੌਰਾਨ ਉਸ ਵੱਲੋਂ ਚਲਾਈ ਗਈ ਗੋਲੀ ਗੇਟ ਦੀ ਕੰਧ ਤੇ ਜਾ ਲਗੀ । ਸੂਤਰਾਂ ਮੁਤਾਬਿਕ ਹਮਲਾਵਰ, ਖਾਲਿਸਤਾਨੀ ਸਮਰਥਕ ਦੱਸਿਆ ਜਾਂਦਾ ਏ, ਜੋ 2003- 04 ਦੌਰਾਨ

ਚੰਡੀਗੜ੍ਹ ਦੇ, ਬੁੜੈਲ ਜੇਲ੍ਹ ਬ੍ਰੇਕ ਮਾਮਲੇ  ਵਿੱਚ ਸ਼ਾਮਲ ਸੀ, ਜਿੱਥੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਾਤਲ ਬੰਦ ਸਨ। ਬਾਅਦ ਵਿਚ ਉਸ ਨੂੰ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ। ਇਸੇ ਦੌਰਾਨ ਅੰਮ੍ਰਿਤਸਰ ਦੇ ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਏ ਕਿ ਨਰੈਣ ਸਿੰਘ ਨਾਂ ਦੇ ਅਤਿਵਾਦੀ ਵੱਲੋਂ ਸ੍ਰੀ ਬਾਦਲ ’ਤੇ ਕਾਤਲਾਨਾ ਹਮਲਾ ਕੀਤਾ ਗਿਆ ਏ ਅਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ। ਉਨ੍ਹਾਂ ਨੇ ਦੱਸਿਆ ਕਿ ਨਰੈਣ ਸਿੰਘ ਆਪਣੇ ਨਾਲ ਹਥਿਆਰ ਲੈ ਕੇ ਆਇਆ ਸੀ। ਇਸ ਕੋਸ਼ਿਸ਼ ਪਿੱਛੇ ਕਿਸੇ ਡੂੰਘੀ ਸਾਜ਼ਿਸ਼ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਏ।

BYTE-

ਹੋਰ ਵੇਰਵੇ ਨਾਲ ਇਕ ਰਿਪੋਰਟ:

---------------------------------------------------

ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ 'ਤੇ, ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਹਮਲੇ ਦੀ ਨਿੰਦਾ ਕੀਤੀ ਏ। ਸੰਸਦ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ

ਕਰਦਿਆਂ, ਸ੍ਰੀ ਬਿੱਟੂ ਨੇ ਇਸ ਘਟਨਾ ਦੀ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਇੱਕ ਵਾਰ ਫਿਰ, ਪੰਜਾਬ ਦੀ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ 'ਤੇ ਗੋਲੀ ਚਲਾਉਣ ਵਾਲਾ ਹਮਲਾਵਰ ਨਰਾਇਣ ਸਿੰਘ ਚੌੜਾ ਬੁੜੈਲ ਜੇਲ੍ਹ 'ਚੋਂ ਫਰਾਰ ਹੋ ਗਿਆ ਸੀ ਅਤੇ ਉਸ ਨੇ ਪਰਮਜੀਤ ਸਿੰਘ ਭੇੜਾ ਅਤੇ ਜਗਤਾਰ ਸਿੰਘ ਤਾਰਾ ਵਰਗੇ ਅੱਤਵਾਦੀਆਂ ਨੂੰ ਜੇਲ੍ਹ 'ਚੋਂ ਭੱਜਣ 'ਚ ਮਦਦ ਕੀਤੀ ਸੀ। ਕਾਂਗਰਸੀ ਆਗੂ ਰੇਣੂਕਾ ਚੌਧਰੀ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਵਰਗੇ ਪਵਿੱਤਰ ਸਥਾਨ ’ਤੇ ਅਜਿਹੀ ਘਟਨਾ ਵਾਪਰਨਾ ਮੰਦਭਾਗਾ ਏ।

---------------------------------------------------------------

ਅੱਜ ਜਲ ਸੈਨਾ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ, 4 ਦਸੰਬਰ ਨੂੰ ਭਾਰਤੀ ਜਲ ਸੈਨਾ ਦੀ ਭੂਮਿਕਾ ਅਤੇ ਪ੍ਰਾਪਤੀਆਂ ਨੂੰ ਮਾਨਤਾ ਦੇਣ ਲਈ ਮਨਾਇਆ ਜਾਂਦਾ ਏ। ਅੱਜ ਦੇ ਦਿਨ ਸਾਲ 1971 'ਚ ਆਪਰੇਸ਼ਨ ਟ੍ਰਾਈਡੈਂਟ ਦੌਰਾਨ ਭਾਰਤੀ ਜਲ ਸੈਨਾ ਨੇ, ਪੀ.ਐਨ.ਐਸ ਖੈਬਰ ਸਮੇਤ ਚਾਰ ਪਾਕਿਸਤਾਨੀ ਜਹਾਜ਼ਾਂ ਨੂੰ ਡੁਬੋ ਦਿੱਤਾ ਸੀ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਲ ਸੈਨਾ ਦਿਵਸ ਦੇ ਮੌਕੇ 'ਤੇ ਸੈਨਿਕਾਂ ਨੂੰ ਵਧਾਈ ਦਿੱਤੀ ਏ। ਸ਼੍ਰੀ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਜਲ ਸੈਨਾ ਦੇ ਬਹਾਦਰ ਸੈਨਿਕ, ਬੇਮਿਸਾਲ ਸਾਹਸ ਅਤੇ ਸਮਰਪਣ ਨਾਲ, ਦੇਸ਼ ਦੀਆਂ ਸਮੁੰਦਰੀ ਸਰਹੱਦਾਂ ਦੀ ਰੱਖਿਆ ਕਰਦੇ ਨੇ। ਸ਼੍ਰੀ ਮੋਦੀ ਨੇ  ਕਿਹਾ ਕਿ ਸੈਨਿਕਾਂ ਦੀ ਵਚਨਬੱਧਤਾ ਦੇਸ਼ ਦੀ ਸੁਰੱਖਿਆ, ਸੁਰੱਖਿਆ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਂਦੀ ਏ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤੀ ਜਲ ਸੈਨਾ ਨੂੰ ਆਪਣੇ ਅਮੀਰ ਸਮੁੰਦਰੀ ਇਤਿਹਾਸ 'ਤੇ ਬਹੁਤ ਮਾਣ ਏ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜਲ ਸੈਨਾ ਦੇ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ, ਜਲ ਸੈਨਾ ਦਿਵਸ 'ਤੇ ਵਧਾਈ ਦਿੱਤੀ ਏ। ਰੱਖਿਆ ਮੰਤਰੀ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਭਾਰਤੀ ਜਲ ਸੈਨਾ ਦੇਸ਼ ਦੀ ਸੁਰੱਖਿਆ ਪ੍ਰਣਾਲੀ ਅਤੇ ਸਮੁੰਦਰੀ ਸੁਰੱਖਿਆ ਦਾ ਇੱਕ ਮਜ਼ਬੂਤ ਥੰਮ ਏ। ਇਹ ਹਿੰਦ ਮਹਾਸਾਗਰ ਖੇਤਰ ਵਿੱਚ ਸੁਰੱਖਿਅਤ ਅਤੇ ਸੁਰੱਖਿਅਤ ਸਮੁੰਦਰੀ ਖੇਤਰਾਂ ਨੂੰ ਯਕੀਨੀ

ਬਣਾਉਣ ਲਈ ਭਾਰਤ ਦੀ ਵਚਨਬੱਧਤਾ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ ।

--------------------------------------------------

ਭਾਰਤੀ ਪੁਲਾੜ ਖੋਜ ਸੰਗਠਨ- ਇਸਰੋ ਨੇ, ਪੁਲਾੜ ਵਾਹਨ ਵਿੱਚ ਇੱਕ ਨੁਕਸ ਦਾ ਪਤਾ ਲੱਗਣ ਕਾਰਨ, PSLV C 59 -ਪ੍ਰੋਬਾ-3 ਮਿਸ਼ਨ ਦੇ ਪਰੀਖਣ ਨੂੰ ਮੁੜ ਤਹਿ ਕੀਤਾ ਏ । ਹੁਣ ਇਸਨੂੰ ਭਲਕੇ ਸ਼ਾਮ 4 ਵੱਜਕੇ 12 ਮਿੰਟ ਤੇ ਛਡਿਆ ਜਾਵੇਗਾ । ਪਹਿਲਾ ਇਸਨੂੰ ਅੱਜ ਸ਼ਾਮ 4 ਵੱਜਕੇ 8 ਵਜੇ ਤੇ ਛਡਿਆ ਜਾਣਾ ਸੀ । PSLV C-59 ਨਾਲ ਯੂਰਪੀ ਪੁਲਾੜ ਏਜੰਸੀ ਦੇ ਪ੍ਰੋਬਾ-3 ਉਪਗ੍ਰਹਿ ਦਾ ਪ੍ਰੀਖਣ ਹੋਵੇਗਾ । ਪ੍ਰੋਬਾ-3 ਯੂਰਪੀਅਨ ਸਪੇਸ ਏਜੰਸੀ ਦਾ ਇੱਕ ਔਰਬਿਟ ਮੈਪਿੰਗ ਮਿਸ਼ਨ ਏ । ਇਸਰੋ ਦੀ ਵਪਾਰਕ ਸ਼ਾਖਾ ਨਿਊ ਸਪੇਸ ਲਿਮਟਿਡ ਨੂੰ, ਯੂਰਪੀਅਨ ਸਪੇਸ ਏਜੰਸੀ ਤੋਂ ਇਹ ਆਰਡਰ ਮਿਲਿਆ ਸੀ । ਪ੍ਰੋਬਾ-3 ਪੁਲਾੜ ਦੇ ਨਿਰਧਾਰਤ ਪੰਧ 'ਤੇ ਪਹੁੰਚਣ ਤੋਂ ਬਾਅਦ, ਦੋ ਉਪਗ੍ਰਹਿਆਂ ਵਿੱਚ ਵੰਡਿਆ ਜਾਵੇਗਾ। ਇਹ ਉਪਗ੍ਰਹਿ ਸੂਰਜ ਦੇ ਕੋਰੋਨਾ ਅਤੇ ਇਸਦੇ ਆਲੇ-ਦੁਆਲੇ ਦੇ ਵਾਯੂਮੰਡਲ, ਪੁਲਾੜ ਮੌਸਮ ਅਤੇ ਸੂਰਜੀ ਹਵਾ ਦਾ ਅਧਿਐਨ ਕਰਨਗੇ।

-------------------------------------------------------------

ਕੇਂਦਰੀ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਸਰਕਾਰ ਨੇ, ਹਰ ਗਰੀਬ ਵਿਅਕਤੀ ਨੂੰ ਪੱਕੇ ਮਕਾਨ ਮੁਹੱਈਆ ਕਰਵਾਉਣ ਲਈ, 2 ਕਰੋੜ 95 ਲੱਖ ਮਕਾਨ ਬਣਾਉਣ ਦੀ ਮਨਜ਼ੂਰੀ ਦੇ ਦਿੱਤੀ ਏ। ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਵਿੱਚ, ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ-ਗ੍ਰਾਮੀਣ ਤਹਿਤ, 38 ਲੱਖ ਘਰ ਅਲਾਟ ਕੀਤੇ ਗਏ ਨੇ। ਇਸ ਦੇ ਲਈ 10 ਹਜ਼ਾਰ 600 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਸੀ।

-------------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਨਰਸਿੰਗ ਵਿਦਿਆਰਥਣਾਂ ਨੂੰ ਲਿਵ-ਇਨ ਰਿਲੇਸ਼ਨਸ਼ਿਪ ਵਰਗੇ ਪੱਛਮੀ ਸੱਭਿਆਚਾਰ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ ਏ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦਾ ਸੱਭਿਆਚਾਰ ਅਮੀਰ ਏ ਅਤੇ ਸਾਨੂੰ ਇਸ ਨੂੰ ਆਪਣੀ ਜੀਵਨ ਸ਼ੈਲੀ ਵਿੱਚ ਅਪਨਾਉਣਾ ਚਾਹੀਦਾ ਏ। ਉਹ ਅੱਜ ਹੁਸ਼ਿਆਰਪੁਰ ਦੇ ਸ੍ਰੀ ਗੁਰੂ ਰਾਮ ਦਾਸ ਨਰਸਿੰਗ ਕਾਲਜ ਵਿਖੇ ਵਿਦਿਆਰਥੀਆਂ ਨੂੰ

ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਕਰਵਾਏ ਸੈਮੀਨਾਰ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਜ਼ਿਆਦਾਤਰ ਔਰਤਾਂ ਨੂੰ ਆਪਣੇ ਅਧਿਕਾਰਾਂ ਦਾ ਪਤਾ ਹੀ ਨਹੀਂ ਅਤੇ ਨਾ ਹੀ ਉਨ੍ਹਾਂ ਨੂੰ ਪਤਾ ਏ ਕਿ ਕਿਸੇ ਵੀ ਸਮੱਸਿਆ ਦੀ ਸੂਰਤ ਵਿੱਚ ਸ਼ਿਕਾਇਤ ਕਿੱਥੇ ਕਰਨੀ ਏ। ਰਾਜ ਮਹਿਲਾ ਕਮਿਸ਼ਨ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਜਾ ਕੇ, ਔਰਤਾਂ ਨੂੰ ਉਨ੍ਹਾਂ ਦੇ ਕਾਨੂੰਨੀ ਅਤੇ ਸਮਾਜਿਕ ਅਧਿਕਾਰਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਕਮਿਸ਼ਨ ਨੂੰ ਮਿਲੀਆਂ ਜ਼ਿਆਦਾਤਰ ਸ਼ਿਕਾਇਤਾਂ ਘਰੇਲੂ ਹਿੰਸਾ ਨਾਲ ਸਬੰਧਤ ਨੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਹੁਲ ਚਾਬਾ ਨੇ ਕਿਹਾ ਕਿ ਕਮਿਸ਼ਨ, ਔਰਤਾਂ ਦੇ ਅਧਿਕਾਰਾਂ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਏ। ਸੈਮੀਨਾਰ ਤੋਂ ਬਾਅਦ ਚੇਅਰਪਰਸਨ ਨੇ ਕੇਂਦਰੀ ਜੇਲ੍ਹ ਦਾ ਦੌਰਾ ਕੀਤਾ ਅਤੇ ਔਰਤ ਕੈਦੀਆਂ ਅਤੇ ਹਵਾਲਾਤੀਆਂ ਨਾਲ ਗੱਲਬਾਤ ਕੀਤੀ । ਉਨ੍ਹਾਂ ਦੱਸਿਆ ਕਿ ਕੇਂਦਰੀ ਜੇਲ੍ਹ ਵਿੱਚ ਕੈਦੀਆਂ ਅਤੇ ਹਵਾਲਾਤੀਆਂ ਨੂੰ ਮਿਲਣ ਵਾਲੀਆਂ ਮੈਡੀਕਲ ਸਹੂਲਤਾਂ, ਜ਼ਮਾਨਤਾਂ ਅਤੇ ਕਾਨੂੰਨੀ ਸਹਾਇਤਾ ਸਬੰਧੀ ਜਾਣਕਾਰੀ ਲਈ।

-----------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਕਿਹਾ ਏ ਕਿ ਕੋਟਕਪੂਰਾ ਹਲਕੇ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਦੀ ਤਰੱਕੀ ਤੇ ਵਿਕਾਸ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ ਤੇ ਇਸ ਲਈ ਪੰਜਾਬ ਸਰਕਾਰ ਵਲੋ ਪੈਸੇ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਆਪਣੇ ਗ੍ਰਹਿ ਪਿੰਡ ਸੰਧਵਾ ਵਿਖੇ ਲੋਕ ਮਿਲਣੀ ਤਹਿਤ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਤੇ ਕੋਟਕਪੂਰਾ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਪੂਰਾ ਕੋਟਕਪੂਰਾ ਹਲਕਾ ਉਨ੍ਹਾਂ ਦਾ ਪਰਿਵਾਰ ਏ ਤੇ ਉਹ ਹਰੇਕ ਦੁੱਖ-ਸੁੱਖ ਵਿਚ ਆਪਣੇ ਹਲਕੇ ਦੇ ਲੋਕਾ ਨਾਲ ਖੜੇ ਨੇ।

-----------------------------------------------------------------

ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦਸਿਆ ਏ ਕਿ ਪੀ.ਆਰ.ਟੀ.ਸੀ. ਗਿੱਦੜਬਾਹਾ ਦੇ ਪਿੰਡ ਦੌਲਾ ਵਿਖੇ ਆਪਣੇ ਪਹਿਲੇ ਸਬ-ਡਿਪੂ ਦੀ ਸਥਾਪਤੀ ਕਰਨ ਜਾ ਰਹੀ ਏ। ਉਨ੍ਹਾਂ ਦਸਿਆ ਕਿ ਦੱਸਿਆ ਕਿ ਸਰਕਾਰ ਦੀ ਜਨਤਕ ਬੱਸ ਸੇਵਾ ਨੂੰ ਹੋਰ ਬਿਹਤਰ

ਬਣਾਉਣ ਦੀ ਵਚਨਬੱਧਤਾ ਤਹਿਤ 3 ਕਰੋੜ 36 ਰੁਪਏ ਦੀ ਲਾਗਤ ਵਾਲਾ ਇਹ ਪ੍ਰਾਜੈਕਟ ਅਗਲੇ 31 ਜਨਵਰੀ ਤੱਕ ਮੁਕੰਮਲ ਕਰਕੇ ਚਾਲੂ ਕਰ ਦਿੱਤਾ ਜਾਵੇਗਾ । ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਨਾ ਸਿਰਫ਼ ਬੁਨਿਆਦੀ ਢਾਂਚੇ ਦੀਆਂ ਲੋੜਾਂ ਨੂੰ ਪੂਰਾ ਕਰੇਗਾ, ਸਗੋਂ ਸਥਾਨਕ ਲੋਕਾਂ ਦੀ ਚਿਰੋਕਣੀ ਮੰਗ ਨੂੰ ਵੀ ਸਿੱਧੇ ਤੌਰ ’ਤੇ ਹੱਲ ਕਰੇਗਾ ।

---------------------------------------------------------------

ਓਮਾਨ ਦੇ ਮਸਕਟ ਵਿੱਚ ਜੂਨੀਅਰ ਏਸ਼ੀਆ ਕੱਪ ਹਾਕੀ ਦੇ ਫਾਈਨਲ ਵਿੱਚ, ਭਾਰਤ ਦਾ ਮੁਕਾਬਲਾ ਅੱਜ ਪਾਕਿਸਤਾਨ ਨਾਲ ਹੋਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ ਸਾਡੇ 8 ਵਜੇ ਸ਼ੁਰੂ ਹੋਵੇਗਾ। ਮੌਜੂਦਾ ਚੈਂਪੀਅਨ ਭਾਰਤ ਟੂਰਨਾਮੈਂਟ 'ਚ ਇਕ ਵੀ ਮੈਚ ਨਹੀਂ ਹਾਰਿਆ ਏ ਅਤੇ ਟੀਮ ਦੀ ਨਜ਼ਰ ਆਪਣੇ ਪੰਜਵੇਂ ਅਤੇ ਲਗਾਤਾਰ ਤੀਜੇ ਖਿਤਾਬ 'ਤੇ ਏ। ਭਾਰਤ ਨੇ  ਸੈਮੀਫਾਈਨਲ ਵਿੱਚ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਫਾਈਨਲ ਵਿੱਚ ਆਪਣੀ ਥਾਂ ਪੱਕੀ ਕੀਤੀ ਸੀ। ਦੂਜੇ ਪਾਸੇ ਪਾਕਿਸਤਾਨ ਨੇ ਜਾਪਾਨ ਨੂੰ 4-2 ਨਾਲ ਹਰਾ ਕੇ ਫਾਈਨਲ ਵਿੱਚ ਆਪਣੀ ਥਾਂ ਬਣਾਈ।

---------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਯੁਰਵੇਦ ਵਿੱਚ ਹੋਰ ਖੋਜ ਕੀਤੇ ਜਾਣ ਦਾ ਸੱਦਾ ਦਿੱਤਾ ਏ ।
- ਪੰਜਾਬ ਦੇ ਸਾਬਕਾ ਉਪ-ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਅੱਜ ਅੰਮ੍ਰਿਤਸਰ 'ਚ ਹਰਿਮੰਦਰ ਸਾਹਿਬ ਵਿਖੇ ਹੋਏ ਜਾਨਲੇਵਾ ਹਮਲੇ ਵਿਚ, ਵਾਲ-ਵਾਲ ਬਚ ਗਏ- ਸੂਬੇ ਦੇ ਮੁਖ ਮੰਤਰੀ ਸਮੇਤ ਵੱਖ-ਵੱਖ ਆਗੂਆਂ ਨੇ,ਇਸ ਹਮਲੇ ਦੀ ਕਰੜੀ ਨਿੰਦਾ ਕੀਤੀ।
- ਅੱਜ ਜਲ ਸੈਨਾ ਦਿਵਸ ਮਨਾਇਆ ਜਾ ਰਿਹਾ ਏ- ਪ੍ਰਧਾਨ ਮੰਤਰੀ ਅਤੇ ਰੱਖਿਆ ਮੰਤਰੀ ਨੇ ਜਲ ਸੈਨਾ ਦੇ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦਿੱਤੀ ਵਧਾਈ ।
- ਭਾਰਤੀ ਪੁਲਾੜ ਖੋਜ ਸੰਗਠਨ - ਇਸਰੋ ਵਲੋਂ ਪੁਲਾੜ ਵਾਹਨ ਵਿੱਚ ਕਿਸੇ ਨੁਕਸ ਕਾਰਨ, ਹੁਣ -ਪ੍ਰੋਬ-3 ਮਿਸ਼ਨ ਕਲ ਸ਼ਾਮ 4 ਵੱਜਕੇ 12 ਮਿੰਟ ਤੇ ਛਡਿਆ ਜਾਵੇਗਾ।
- ਓਮਾਨ ਵਿਖੇ ਜੂਨੀਅਰ ਏਸ਼ੀਆ ਕੱਪ ਹਾਕੀ ਦੇ ਫਾਈਨਲ ਵਿੱਚ, ਭਾਰਤ ਦਾ ਮੁਕਾਬਲਾ ਅੱਜ ਪਾਕਿਸਤਾਨ ਨਾਲ ਹੋਵੇਗਾ।